ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ ਨੰ.1,ਲੋ.ਨਿ.ਵਿ.,ਭ ਤੇ ਮ ਸ਼ਾਖਾ,
ਇੰਡਸਟਰੀਅਲ ਏਰੀਆ, ਫੇਜ-1, ਸਾਹਿਬਜਾਦਾ ਅਜੀਤ ਸਿੰਘ ਨਗਰ।
ਟੈਲੀ/ਫੈਕਸ ਨੰ:0172-2225863, ਈ-ਮੇਲ: pwdc1mohali@gmail.com

ਵੱਲ

**The Principal,**
**G World School,**
**Opp. CGC, Jhanjeri, Mohali.**

**ਮੀਮੋ ਨੰ.** 3213 **ਮਿਤੀ:** 24.06.2025

**ਵਿਸ਼ਾ:-** **ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ (ਸਾਲ 2025-26) ਜਾਰੀ ਕਰਨ ਸਬੰਧੀ।**
(**G World School, Opp. CGC, Jhanjeri, Mohali**)

ਹਵਾਲਾ:- ਆਪ ਦੇ ਦਫ਼ਤਰ ਦਾ ਪੱਤਰ ਨੰ. ਨਿੱਲ ਮਿਤੀ 18.06.2025 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ.2, ਲੋ.ਨਿ.ਵਿ. ਭ ਤੇ ਮ ਸ਼ਾਖਾ, ਐਸ.ਏ.ਐਸ. ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਬਿਲਡਿੰਗ ਦਾ ਨਿਰੀਖਣ ਕੀਤਾ ਗਿਆ ਅਤੇ ਨਿਰੀਖਣ ਦੌਰਾਨ ਸਕੂਲ ਦੀ ਬਿਲਡਿੰਗ ਨੱਥੀ ਪਲਾਨ ਅਨੁਸਾਰ ਠੀਕ ਹੈ ਅਤੇ Visual Inspection ਅਨੁਸਾਰ ਇਮਾਰਤ ਠੀਕ ਪਾਈ ਗਈ ਹੈ। ਮਾਨਯੋਗ ਸਕੱਤਰ, ਪੰਜਾਬ, ਲੋਕ ਨਿਰਮਾਣ ਵਿਭਾਗ, ਭ ਤੇ ਮ ਸ਼ਾਖਾ, ਚੰਡੀਗੜ੍ਹ ਜੀ ਦੇ ਦਫ਼ਤਰੀ ਹੁਕਮ ਨੰ-5/13/2018-3BR3/1294287/3 ਮਿਤੀ- 10.08.2018 ਰਾਹੀਂ ਸਕੂਲ ਵੱਲੋਂ ਇਮਾਰਤ ਦੀ ਲੋੜੀਂਦੀ ਇੰਸਪੈਕਸ਼ਨ ਫੀਸ 15000/- ਰੁਪਏ ਚਲਾਨ ਨੰ.18004884 ਮਿਤੀ- 19.06.2025 ਰਾਹੀਂ ਜਮ੍ਹਾਂ ਕਰਵਾ ਦਿੱਤੀ ਗਈ ਹੈ। ਜਿਸ ਸਬੰਧ ਵਿੱਚ ਸਕੂਲ ਦਾ ਬਿਲਡਿੰਗ ਸਰਟੀਫਿਕੇਟ ਨਾਲ ਨੱਥੀ ਅਨੁਸਾਰ ਜਾਰੀ ਕੀਤਾ ਜਾਂਦਾ ਹੈ।

ਨੱਥੀ/ਸਰਟੀਫਿਕੇਟ

ਕਾਰਜਕਾਰੀ ਇੰਜੀਨੀਆਰ,
ਉਸਾਰੀ ਮੰਡਲ ਨੰ.1, ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

**ਪਿੱਠ ਅੰਕਣ ਨੰ.** **ਮਿਤੀ.**

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ 2, ਲੋ.ਨਿ.ਵਿ. ਭ ਤੇ ਮ ਸ਼ਾਖਾ, ਐਸ.ਏ.ਐਸ. ਨਗਰ ਨੂੰ ਉਨ੍ਹਾਂ ਦੇ ਪੱਤਰ ਨੰ- 318 ਮਿਤੀ-24.06.2025 ਦੇ ਸਬੰਧ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਆਰ,
ਉਸਾਰੀ ਮੰਡਲ ਨੰ.1, ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

Scanned by Camera Scanner

## BUILDING SAFETY CERTIFICATE

**Subject :- Building Safety Certificate for G World School, Village Jhanjeri, Distt. SAS Nagar.**

**G World School, Village Jhanjeri, Distt. SAS Nagar** ਦੀ ਬਿਲਡਿੰਗ ਦਾ ਸਟੱਰਕਚਰ ਸਟੇਬਿਲਟੀ ਸਰਟੀਫਿਕੇਟ Er. Suraj Sharma, Structural Engineer, SCF 25 Phase-11, Mohali ਦੇ ਪੱਤਰ ਨੂੰ ਧਿਆਨ ਵਿੱਚ ਰੱਖਦੇ ਹੋਏ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31-03-2026 ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1 ਨਿਰੀਖਣ ਤੋਂ ਬਾਅਦ ਜੇਕਰ ਸਕੂਲ ਮੁੱਖੀ ਵੱਲੋਂ ਨੱਥੀ ਪਲੈਨ ਵਿੱਚ ਦਰਸਾਈ ਗਈ ਬਿਲਡਿੰਗ ਦੇ ਸਟਰੱਕਚਰ ਵਿੱਚ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਜਾਂ ਨਵੀਂ ਉਸਾਰੀ ਕੀਤੀ ਜਾਂਦੀ ਹੈ ਤਾਂ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।

2 ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।

3 ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ਼, ਐਸ.ਏ.ਐਸ ਨਗਰ ਵੱਲੋਂ ਉਹਨਾਂ ਦੇ ਨੰ. 1503-96023-Fire/73360 ਮਿਤੀ 07-08-2024ਦੁਆਰਾ ਜਾਰੀ ਕੀਤਾ ਗਿਆ ਹੈ। ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

4 ਉਕਤ ਕਿਸੇ ਵੀ ਹਾਲਤ ਵਿੱਚ ਜਾਂ ਹੋਰ ਕੋਈ ਕੁਦਰਤੀ/ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ-ਇੰਸਪੈਕਸ਼ਨ ਕਰਾਉਣ ਦੀ ਨਿਰੋਲ ਜ਼ਿੰਮੇਵਾਰੀ ਕੇਵਲ ਬਿਨੈਕਾਰ ਦੀ ਹੋਵੇਗੀ।

5 ਜੇਕਰ ਸਕੂਲ ਵੱਲੋਂ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋਂ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।

6 ਰੋਡ ਅਸੈਸ ਸਬੰਧੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਭਵਿੱਖ ਵਿੱਚ ਜੋ ਵੀ ਫੈਸਲਾ ਕੀਤਾ ਜਾਵੇਗਾ, ਉਸ ਨੂੰ ਇਹ ਸੰਸਥਾ ਮੰਨਣ ਦੀ ਪਾਬੰਦ ਹੋਵੇਗੀ।

7 ਜੇਕਰ ਬਿਲਡਿੰਗ ਵਿੱਚ ਕੋਈ ਉਸਾਰੀ ਦਾ ਕੰਮ ਕੀਤਾ ਜਾਣਾ ਹੈ ਤਾਂ ਉਹ ਉਸ ਸਮੇਂ ਕੀਤਾ ਜਾਵੇ ਜਿਸ ਸਮੇਂ ਬੱਚਿਆ ਦੀਆਂ ਕਲਾਸਾਂ ਨਾਂ ਲੱਗ ਰਹੀਆਂ ਹੋਣ। ਇਸ ਸਬੰਧੀ ਸੇਫਟੀ ਦੀ ਪੂਰੀ ਜ਼ਿੰਮੇਵਾਰੀ ਸਕੂਲ ਅਥਾਰਟੀ ਦੀ ਹੋਵੇਗੀ।

8 ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

9 ਇਹ ਸਰਟੀਫਿਕੇਟ ਕੇਵਲ Visual Inspection ਦੇ ਆਧਾਰ ਤੇ ਕੇਵਲ Structural Safety ਪੱਖੋਂ ਜਾਰੀ ਕੀਤਾ ਗਿਆ ਹੈ। ਇਸ ਵਿੱਚ ਕੋਈ ਬਿਜਲੀ, ਮਸ਼ੀਨਰੀ, Equipment ਆਦਿ ਬਾਬਤ ਇਸ ਦਫਤਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

10 ਸਕੂਲ ਅਥਾਰਟੀ ਦਾ ਫਾਇਰ ਸੇਫਟੀ ਸਰਟੀਫਿਕੇਟ 07-08-2025 ਤੱਕ valid ਹੈ। ਫਾਇਰ ਸੇਫਟੀ ਸਰਟੀਫਿਕੇਟ ਰੀਨਿਊ ਕਰਵਾਉਣ ਤੋਂ ਬਾਅਦ ਉਸ ਦੀ ਕਾਪੀ ਇਸ ਦਫਤਰ ਵਿੱਚ ਜਮ੍ਹਾਂ ਕਰਵਾਇ ਜਾਵੇ। ਨਾ ਜਮ੍ਹਾਂ ਕਰਵਾਉਣ ਦੀ ਸੂਰਤ ਵਿੱਚ ਇਸ ਐਨ.ਓ.ਸੀ. ਦੀ ਮਿਆਦ 06-08-2025 ਨੂੰ ਖਤਮ ਹੋ ਜਾਵੇਗੀ।

11 ਕਿਉਂਜੋ ਸਕੂਲ ਦੀ ਬਿਲਡਿੰਗ ਦਾ ਕੇਵਲ Ground Floor ਹੀ ਤਿਆਰ ਹੈ ਜਿਸ ਵਿੱਚ ਮੌਜੂਦਾ ਸਕੂਲ ਚੱਲ ਰਿਹਾ ਹੈ ਇਸ ਲਈ ਇਹ ਸਰਟੀਫਿਕੇਟ ਕੇਵਲ Ground Floor ਲਈ ਹੀ ਜਾਰੀ ਕੀਤਾ ਜਾਂਦਾ ਹੈ।

ਉਪ ਮੰਡਲ ਇੰਜੀਨੀਅਰ,
ਉਸਾਰੀ ਉਪ ਮੰਡਲ ਨੰ.2, ਲੋ.ਨਿ.ਵਿ. ਭ ਤੇ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ ਨੰ.1 ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

Scanned by Camera Scanner